## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਲੋਕਾਂ ਵਿੱਚ ਸੁਰੱਖਿਆਂ ਅਤੇ ਸਦਭਾਵਨਾਂ ਬਣਾਈ ਰੱਖਣ ਲਈ ਕੱਢਿਆ ਫਲੈਗ ਮਾਰਚ

### ਸ਼ਰਾਰਤੀ ਅੰਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ: ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ



ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ, ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਜੀ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਜਿਲ੍ਹਾ ਅੰਦਰ ਸਖਤ ਸੁਰੱਖਿਆਂ ਪ੍ਰਬੰਧ ਕੀਤੇ ਗਏ ਹਨ ਅਤੇ ਪੀ.ਸੀ.ਆਰ ਮੋਟਰਸਾਈਕਲ ਵੱਲੋ ਰਾਤ ਦਿਨ ਗਸ਼ਤਾਂ ਕੀਤੀਆਂ ਜਾ ਰਹੀਆਂ ਹਨ। ਇਸ ਨੂੰ ਮੁੱਖ ਰੱਖਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਅੰਦਰ ਸੁਰੱਖਿਆ ਅਤੇ ਸਦਭਾਵਨਾ ਬਣਾਈ ਰੱਖਣ ਲਈ ਜਿਲ੍ਹੇ ਸ੍ਰੀ ਮੁਕਤਸਰ ਸਾਹਿਬ ਦੀਆਂ ਸਾਰੀਆਂ ਸਬ-ਡਵੀਜ਼ਨਾਂ ਸਬ-ਡਵੀਜ਼ਨ ਮਲੋਟ,ਸਬ-ਡਵੀਜ਼ਨ ਗਿੱਦੜਬਾਹਾ, ਸਬ-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਸਬ-ਡਵੀਜ਼ਨ ਲੰਬੀ ਵਿੱਚ ਫਲੈਗ ਮਾਰਚ ਕੱਢਿਆ ਗਿਆ।